# ਦਫਤਰ ਜ਼ਿਲਾ ਸਿੱਖਿਆ ਅਫ਼ਸਰ (ਐ.ਸਿ.),ਸ਼ਹੀਦ ਭਗਤ ਸਿੰਘ ਨਗਰ

Email –deoee.sbsnagar@punjabeducation.gov.in

ਵੱਲ

ਸਮੂਹ ਬੀ.ਪੀ.ਈ.ਓਜ਼,
ਸ਼ਹੀਦ ਭਗਤ ਸਿੰਘ ਨਗਰ।
ਪੱਤਰ ਨੰ:- RTE/2024/88652
ਮਿਤੀ:- 03-04-2024

ਵਿਸ਼ਾ:- ਆਰ.ਟੀ.ਈ. ਐਕਟ ਅਧੀਨ ਮਾਨਤਾ ਦੇਣ ਸਬੰਧੀ।
ਹਵਾਲਾ:- ਪੰਜਾਬ ਸਰਕਾਰ ਦੇ ਪੱਤਰ ਨੰ 732379/2023(1) ਮਿਤੀ: ਚੰਡੀਗੜ੍ਹ 29-11-2023 ਸਬੰਧੀ।

ਉਪਰੋਕਤ ਵਿਸ਼ੇ ਸਬੰਧੀ ਸਮੂਹ ਬੀ.ਪੀ.ਈ.ਓਜ਼ ਨੂੰ ਲਿਖਿਆ ਜਾਂਦਾ ਹੈ ਕਿ ਆਪ ਅਧੀਨ ਪੈਂਦੇ ਹਰੇਕ ਪ੍ਰਾਈਵੇਟ ਸਕੂਲ ਮੁੱਖੀ ਨੂੰ ਹਵਾਲਾ ਅਧੀਨ ਪੰਜਾਬ ਸਰਕਾਰ ਵੱਲੋਂ ਜਾਰੀ ਨਾਲ ਨੱਥੀ ਪੱਤਰ ਸਬੰਧੀ ਨੋਟ ਕਰਵਾ ਦਿੱਤਾ ਜਾਵੇ ਕਿ ਪੱਤਰ ਵਿੱਚ ਲੜੀ ਨੰ 02 ਅਨੁਸਾਰ ਜਿਹੜੇ ਵੀ ਪ੍ਰਾਈਵੇਟ ਸਕੂਲਾਂ ਨੂੰ (ਨੱਥੀ ਲਿਸਟ ਅਨੁਸਾਰ) ਆਰ.ਟੀ.ਈ. ਐਕਟ ਅਤੇ ਪੰਜਾਬ ਆਰ.ਟੀ.ਈ ਰੂਲਜ਼ ,2011 ਤਹਿਤ ਆਰਜੀ ਮਾਨਤਾ ਜਾਰੀ ਕੀਤੀ ਹੋਈ ਹੈ, ਉਸ ਨੂੰ ਪੱਕੀ ਮਾਨਤਾ ਸਮਝਿਆ ਜਾਵੇ।

ਜਿਹਨਾਂ ਸਕੂਲਾ ਵੱਲੋਂ ਈ.ਪੰਜਾਬ ਪੋਰਟਲ ਤੇ ਆਨ-ਲਾਈਨ ਮਾਨਤਾ ਲੈਣ/ਰੀਨਿਊ ਕਰਵਾਉਣ ਲਈ ਅਪਲਾਈ ਕਰਨ ਤੇ ਸਹੀਕਰਤਾ ਵੱਲੋਂ ਇਤਰਾਜ ਲਗਾਏ ਗਏ ਹਨ ਉਹਨਾ ਸਕੂਲਾਂ ਵੱਲੋਂ ਇਤਰਾਜ ਦੂਰ ਕਰਕੇ ਪੋਰਟਲ ਤੇ ਫਾਈਲ ਦੁਬਾਰਾ ਭੇਜੀ ਜਾਵੇ ਤਾਂ ਜੋ ਉਹਨਾ ਸਕੂਲਾਂ ਦੀ ਵੈਰੀਫਿਕੇਸ਼ਨ ਕਰਵਾਉਣ ਉਪਰੰਤ ਉਹਨਾ ਨੂੰ ਮਾਨਤਾ ਜਾਰੀ ਕੀਤੀ ਜਾ ਸਕੇ।

ਨੱਥੀ:-

ਨੱਥੀ:-

1.ਮੁੱਖ ਦਫਤਰ ਵੱਲੋਂ ਜਾਰੀ ਪੱਤਰ ਦੀ ਕਾਪੀ।

2. ਉਹਨਾਂ ਸਕੂਲਾ ਦੇ ਨਾ ਦੀ ਲਿਸਟ ਜਿਹਨਾਂ ਨੂੰ ਜਾਰੀ ਆਰਜੀ ਮਾਨਤਾ ਨੂੰ ਪੱਕੀ ਮਾਨਤਾ ਸਮਝਿਆ ਜਾਵੇ।

ਜਿਲ੍ਹਾ ਸਿੱਖਿਆ ਅਫਸਰ(ਐ.ਸਿ)
ਸ਼ਹੀਦ ਭਗਤ ਸਿੰਘ ਨਗਰ।
3.4.24

ਪੱਤਰ ਨੰ:- ਉਕਤ ਮਿਤੀ:- 03-04-2024

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:-

1. ਜਿਲ੍ਹਾ ਸਿੱਖਿਆ ਅਫਸਰ(ਸੈ.ਸਿ.) ਸ਼ਹੀਦ ਭਗਤ ਸਿੰਘ ਨਗਰ(ਐਨ.ਓ.ਸੀ ਸਬੰਧੀ ਕੰਮ ਉਹਨਾ ਦੇ ਅਧਿਕਾਰ ਵਿੱਚ ਹੋਣ ਕਾਰਣ)

ਜਿਲ੍ਹਾ ਸਿੱਖਿਆ ਅਫਸਰ(ਐ.ਸਿ) 3-4-24
ਸ਼ਹੀਦ ਭਗਤ ਸਿੰਘ ਨਗਰ।
3.4.24

# ਦਫ਼ਤਰ ਜ਼ਿਲਾ ਸਿੱਖਿਆ ਅਫ਼ਸਰ (ਐ.ਸਿ.),ਸ਼ਹੀਦ ਭਗਤ ਸਿੰਘ ਨਗਰ

Email – deoee.sbsnagar@punjabeducation.gov.in

ਪੱਤਰ ਨੰ. ਸਮਗਰਾ/ਆਰ.ਟੀ.ਈ/ 2023200963 ਮਿਤੀ 20.07.2023

ਮੈਨੇਜਰ/ਪ੍ਰਿੰਸੀਪਲ,
INTERNATIONAL SCHOOL RAIL MAJRA
ਸ਼ਹੀਦ ਭਗਤ ਸਿੰਘ ਨਗਰ ।

ਵਿਸ਼ਾ: ਬੱਚਿਆਂ ਦੇ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਨਿਯਮ 15 ਦੇ ਉਪ ਨਿਯਮ(4)ਅਧੀਨ,ਬੱਚਿਆ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ,2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦਾ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਪਿਆਰੇ ਜੀ ਮਾਨਯੋਗ ਮਣੀ ਜੀ

ਆਪਜੀ ਦੀ ਪ੍ਰਤੀ ਬੇਨਤੀ ਸਬੰਧੀ ਕੀਤੇ ਸਕੂਲ ਨਾਲ ਪੱਤਰ ਵਿਹਾਰ /ਪੜਤਾਲ ਦੇ ਹਵਾਲੇ ਵਿਚ ਮੈਂ RAYAT INTERNATIONAL SCHOOL RAIL-MAJRA,ਸ਼ਹੀਦ ਭਗਤ ਸਿੰਘ ਨਗਰ ਨੂੰ ਪਹਿਲੀ ਤੋਂ ਅੱਠਵੀਂ ਜਮਾਤ ਤੱਕ 31 ਮਾਰਚ,2026 ਦੇ ਸਮੇਂ ਲਈ ਆਰਜ਼ੀ ਮਾਨਤਾ ਭੇਜਦਾ/ਭੇਜਦੀ ਹਾਂ। ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਆਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਕਿ ਇਹ ਅੱਠਵੀਂ ਜਮਾਤ ਤੋਂ ਅੱਗੇ ਦੀ ਮਾਨਤਾ ਲਈ ਲਾਜ਼ਮੀ ਹੈ।
2. ਸਕੂਲ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਅਤੇ ਬੱਚਿਆ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਉਪਬੰਧਾ ਦੀ ਪਾਲਣਾ ਕਰੇਗਾ।
3. ਸਕੂਲ ਪਹਿਲੀ ਜਮਾਤ ਵਿਚ ਜਮਾਤ ਦੀ ਕੁੱਲ ਸੰਖਿਆ ਦਾ 25% ਪ੍ਰਤੀਸ਼ਤ, ਕਮਜ਼ੋਰ ਤਬਕੇ ਅਤੇ ਗੈਰ ਸਹੂਲਤ ਪ੍ਰਾਪਤ ਸਮੂਹ ਦੇ ਆਸ ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁੱਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪ੍ਰਦਾਨ ਕਰੇਗਾ।
4. ਸਕੂਲ ਨੂੰ ਪੈਰਾ 3 ਵਿਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉਪ-ਧਾਰਾ (2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਸ ਪ੍ਰਤੀ ਪੂਰਤੀ ਲਈ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ/ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀਂ ਲਵੇਗਾ ਅਤੇ ਬੱਚੇ ਜਾਂ ਉਸ ਦੇ ਮਾਪਿਆਂ ਜਾਂ ਸਰਪ੍ਰਸਤਾਂ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-
   (1) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਸਕੂਲ ਵਿੱਚ ਮੁੱਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ
   (2) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਕੀਤੀ ਜਾਵੇਗੀ
   (3) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ;
   (4) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ, ਨੂੰ ਨਿਯਮ 25 ਵਿੱਚ ਅਨੁਸਾਰ ਪ੍ਰਮਾਣਪੱਤਰ ਦਿੱਤਾ ਜਾਵੇਗਾ;
   (5) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜ਼ਰੂਰਤਾਂ ਵਾਲੇ ਵਿਦਿਆਰਥੀਆਂ ਦੀ ਸਮੂਲੀਅਤ ;
   (6) ਅਧਿਆਪਕਾਂ ਲਈ ਇਹ ਜ਼ਰੂਰੀ ਹੈ ਕਿ ਉਹ ਧਾਰਾ 23(1) ਅਧੀਨ ਦਿੱਤੀਆਂ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ। ਪਰੰਤੂ ਅੱਗੇ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਦੇ ਲਾਗੂ ਹੋਣ ਸਮੇਂ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪ੍ਰਾਪਤ ਕਰਨਗੇ।
   (7) ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆ ਪੂਰੀਆਂ ਕਰਦੇ ਹਨ;
   (8) ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾ ਵਿਚ ਮਸ਼ਰੂਫ ਨਹੀਂ ਰੱਖਣਗੇ।
7. ਸਕੂਲ ਪ੍ਰਣਾਲੀ ਦੇ ਸਿਲੇਬਸ ਦੇ ਆਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰੇਗੀ।
8. ਸਕੂਲ ਦੇ ਇਸ ਨਾਂ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।
9. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜਾਈ ਅਤੇ ਕੌਸ਼ਲਤਾ ਵਿਕਾਸ ਲਈ ਹੀ ਵਰਤੇ ਜਾਣ ਗੇ।
10. ਸਕੂਲ ਸੁਸਾਇਟੀ ਰਜਿਸਟਰੇਸ਼ਨ ਐਕਟ,1860(1860 ਦਾ 21) ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।
11. ਸਕੂਲ ਕਿਸੇ ਨਿੱਜੀ ਸਮੂਹ ਜਾਂ ਵਿਅਕਤੀਆਂ ਦੇ ਸਮੂਹਾ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।
12. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹੀਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ। ਹਰ ਲੇਖਾ ਸਾਰਣੀ ਦੀ ਇੱਕ ਕਾਪੀ ਹਰ ਸਾਲ ਜ਼ਿਲ੍ਹਾ ਸਿੱਖਿਆ ਅਧਿਕਾਰੀ(ਐ.ਸਿ.) ਨੂੰ ਭੇਜੀ ਜਾਵੇਗੀ।
13. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰ. **RTE-319** ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।
14. ਸਕੂਲ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ ਸਮੇਂ ਸਿਰ ਮੰਗੀ ਗਈ ਸੂਚਨਾ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲਾਂ ਦੇ ਕੰਮ ਕਾਜ ਵਿਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।
15. ਸੰਸਥਾ ਦੀ ਰਜਿਸਟਰੇਸ਼ਨ ਦਾ ਨਵੀਨੀਕਰਨ ਜੇਕਰ ਕੋਈ ਜ਼ਰੂਰੀ ਹੋਵੇ, ਕਰਵਾਉਣਾ ਯਕੀਨੀ ਬਣਾਇਆ ਜਾਵੇ।
16. ਸਕੂਲ ਐਕਟ ਦੀ ਧਾਰਾ ਵਿਚ ਨਿਰਧਾਰਤ ਸ਼ਰਤਾਂ ਅਤੇ ਨਿਯਮਾਂ ਦੀ ਪਾਲਣਾ ਕਰੇਗਾ।
17. ਭਾਰਤ ਸਰਕਾਰ ਵੱਲੋਂ ਜਾਰੀ ਪੱਤਰ The Right Of Children To Free and Compulsory Education(Amendment) Act,2017 No 24 of 2017 Date 9th August 2017 ਦੀਆਂ ਸ਼ਰਤਾਂ ਲਾਗੂ ਹੋਣਗੀਆਂ।
18. ਸਕੂਲ ਫਾਇਰ ਸੇਫਟੀ ਸਰਟੀਫਿਕੇਟ,ਬਿਲਡਿੰਗ ਸੇਫਟੀ ਸਰਟੀਫਿਕੇਟ ਅਤੇ ਪਾਣੀ ਦੀ ਸ਼ੁੱਧਤਾ ਸਮੇਂ ਸਿਰ ਅਤੇ ਲੋੜ ਅਨੁਸਾਰ ਰਿਨਿਊ ਕਰਵਾਉਣ ਲਈ ਪਾਬੰਦ ਹੋਣਗੇ।
19. ਸਕੂਲ ਵੱਲੋਂ ਆਨ-ਲਾਈਨ ਜਮਾਂ ਕਰਵਾਏ ਗਏ ਦਸਤਾਵੇਜਾਂ ਵਿੱਚੋਂ ਜੇਕਰ ਕੋਈ ਵੀ ਸਰਟੀਫਿਕੇਟ ਗਲਤ ਪਾਇਆ ਜਾਂਦਾ ਹੈ ਤਾਂ ਉਸ ਸਕੂਲ ਨੂੰ ਦਿੱਤੀ ਗਈ ਮਾਨਤਾ ਰੱਦ ਕੀਤੀ ਜਾ ਸਕਦੀ ਹੈ।

Principal
Rayat International School
Railmajra, Distt. S.B.S. Nagar (Punjab)

ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ.)
ਸ਼ਹੀਦ ਭਗਤ ਸਿੰਘ ਨਗਰ